15ਵੀਂ ਵਿਧਾਨ ਸਭਾ
ਚੌਥਾ ਸਮਾਗਮ

**ਪੰਜਾਬ ਵਿਧਾਨ ਸਭਾ**
**ਬੁਲੇਟਿਨ ਨੰ. 7**
**ਮੰਗਲਵਾਰ, 27 ਮਾਰਚ, 2018 (ਸਵੇਰ ਦੀ ਬੈਠਕ)**
**10.00 ਵਜੇ ਸਵੇਰ ਤੋਂ 2.30 ਵਜੇ ਬਾਅਦ ਦੁਪਹਿਰ ਤੱਕ**

1. **ਪ੍ਰਸ਼ਨ**

(ੳ) ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 11 | 08 | 01 | - | 21 |

(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ: 09

2. **ਵਿਰੋਧੀ ਧਿਰ ਦੇ ਨੇਤਾ ਵਲੋਂ ਸਪਸ਼ਟੀਕਰਨ**

ਮਾਨਯੋਗ ਮੈਂਬਰ ਸਰਦਾਰ ਸੁਖਬਿੰਦਰ ਸਿੰਘ ਸਰਕਾਰੀਆ ਵਲੋਂ ਹਿੰਦੁਸਤਾਨ ਟਾਈਮਜ਼ ਅਖਬਾਰ ਵਿੱਚ ਲੱਗੀ ਖਬਰ ਦੇ ਹਵਾਲੇ ਵਿੱਚ ਕਿ ਰੂਲਿੰਗ ਪਾਰਟੀ ਦਾ ਹਰ ਇਕ ਮੈਂਬਰ ਨਜ਼ਾਇਜ਼ ਮਾਈਨਿੰਗ ਦੇ ਦੋਸ਼ਾਂ ਦਾ ਸਾਹਮਣਾ ਕਰ ਰਿਹਾ ਹੈ, ਬਾਰੇ ਸਰਦਾਰ ਸੁਖਪਾਲ ਸਿੰਘ ਖਹਿਰਾ, ਵਿਰੋਧੀ ਧਿਰ ਦੇ ਨੇਤਾ ਦੁਆਰਾ ਆਪਣਾ ਸਪਸ਼ਟੀਕਰਨ ਦਿੱਤਾ ਗਿਆ ਕਿ ਜੋ ਵੀ ਇਸ ਬਾਰੇ ਉਨ੍ਹਾਂ ਵਲੋਂ ਕਿਹਾ ਗਿਆ ਹੈ, ਉਹ ਸਦਨ ਦੀ ਕਾਰਵਾਈ ਵਿੱਚ ਦਰਜ ਹੈ ਅਤੇ ਉਨ੍ਹਾਂ ਵਲੋਂ ਬਾਹਰ ਪ੍ਰੈਸ ਵਿੱਚ ਕੋਈ ਬਿਆਨ ਨਹੀਂ ਦਿੱਤਾ ਗਿਆ।

3. **ਧਿਆਨ ਦਿਵਾਊ ਨੋਟਿਸ**

1. ਸ਼੍ਰੀ ਅਮਨ ਅਰੋੜਾ, ਐਮ.ਐਲ.ਏ, ਸਰਦਾਰ ਨਾਜ਼ਰ ਸਿੰਘ ਮਾਨਸ਼ਾਹੀਆ, ਐਮ.ਐਲ.ਏ ਅਤੇ ਸਰਦਾਰ ਜਗਤਾਰ ਸਿੰਘ ਜੱਗਾ ਹਿੱਸੋਵਾਲ, ਐਮ.ਐਲ.ਏ ਦੁਆਰਾ ਇਮਤਿਹਾਨਾਂ ਦੇ ਦਿਨਾਂ ਦੌਰਾਨ ਮੈਰਿਜ ਪੈਲੇਸਾਂ, ਗੁਰਦੁਆਰਿਆਂ, ਮੰਦਰਾਂ ਆਦਿ ਦੁਆਰਾ ਕੀਤੇ ਜਾ ਰਹੇ ਸ਼ੋਰ ਸ਼ਰਾਬੇ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

   (ਨੰ: 16)

   ਪੇਂਡੂ ਵਿਕਾਸ ਅਤੇ ਪੰਚਾਇਤਾਂ ਮੰਤਰੀ ਨੇ ਜਵਾਬ ਦਿੱਤਾ।

2. ਸਰਦਾਰ ਦਿਲਰਾਜ ਸਿੰਘ ਭੂੰਦੜ, ਐਮ.ਐਲ.ਏ ਦੁਆਰਾ ਪਿੰਡ ਬਨਾਵਾਲਾ, ਜਿਲ੍ਹਾ ਮਾਨਸਾ ਵਿੱਚ ਸਥਿਤ ਥਰਮਲ ਪਾਵਰ ਪਲਾਂਟ ਦੁਆਰਾ ਫੈਲਾਏ ਜਾ ਰਹੇ ਪ੍ਰਦੂਸ਼ਣ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

   (ਨੰ: 20)

   ਪੇਂਡੂ ਵਿਕਾਸ ਅਤੇ ਪੰਚਾਇਤਾਂ ਮੰਤਰੀ ਨੇ ਜਵਾਬ ਦਿੱਤਾ।

**4. ਰਿਪੋਰਟਾਂ ਪੇਸ਼ ਕਰਨਾ**

1. ਅਨੁਮਾਨ ਕਮੇਟੀ ਦੇ ਸਭਾਪਤੀ (ਸਰਦਾਰ ਸੁਖਬਿੰਦਰ ਸਿੰਘ ਸਰਕਾਰੀਆ) ਨੇ ਸਾਲ 2017-18 ਲਈ ਪ੍ਰਾਹੁਣਾਚਾਰੀ ਵਿਭਾਗ, ਪੰਜਾਬ ਦੇ ਸਬੰਧ ਵਿੱਚ ਬਜਟ ਅਨੁਮਾਨਾਂ ਤੇ ਅਨੁਮਾਨ ਕਮੇਟੀ ਦੀ ਰਿਪੋਰਟ ਪੇਸ਼ ਕੀਤੀ।

2. ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ ਅਤੇ ਪੱਛੜੀਆਂ ਸ਼੍ਰੇਣੀਆਂ ਦੀ ਭਲਾਈ ਕਮੇਟੀ ਦੇ ਸਭਾਪਤੀ (ਡਾ. ਰਾਜ ਕੁਮਾਰ ਵੇਰਕਾ) ਨੇ 85 ਵੀਂ ਸੋਧਨਾ ਲਾਗੂ ਕਰਨ ਅਤੇ ਪ੍ਰਸੋਨਲ ਵਿਭਾਗ ਦੁਆਰਾ ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ ਅਤੇ ਪੱਛੜੀਆਂ ਸ਼੍ਰੇਣੀਆਂ ਨੂੰ ਰਾਜ ਦੀਆਂ ਸਰਕਾਰੀ ਸੇਵਾਵਾਂ ਵਿੱਚ ਬਣਦੀ ਪ੍ਰਤੀਨਿਧਤਾ ਦੇਣ ਲਈ ਮਿਤੀ 10.10.2014 ਨੂੰ ਜਾਰੀ ਕੀਤੇ ਗਏ ਪੱਤਰ ਨੂੰ ਵਾਪਸ ਲੈਣ ਸਬੰਧੀ ਸਾਲ 2017-18 ਲਈ ਅਨੁਸੂਚਿਤ ਜਾਤੀਆਂ,ਅਨੁਸੂਚਿਤ ਕਬੀਲਿਆਂ ਅਤੇ ਪੱਛੜੀਆਂ ਸ਼੍ਰੇਣੀਆਂ ਦੀ ਭਲਾਈ ਕਮੇਟੀ ਦੀ 43 ਵੀਂ ਰਿਪੋਰਟ ਪੇਸ਼ ਕੀਤੀ।

3. ਸਰਕਾਰੀ ਆਸ਼ਵਾਸ਼ਨਾਂ ਸਬੰਧੀ ਕਮੇਟੀ ਦੇ ਸਭਾਪਤੀ (ਸਰਦਾਰ ਰਣਦੀਪ ਸਿੰਘ) ਨੇ ਸਾਲ 2017-18 ਲਈ ਸਰਕਾਰੀ ਆਸ਼ਵਾਸ਼ਨਾਂ ਸਬੰਧੀ ਕਮੇਟੀ ਦੀ 47ਵੀਂ ਰਿਪੋਰਟ ਪੇਸ਼ ਕੀਤੀ।

4. ਕੁਐਸਚਨਜ਼ ਅਤੇ ਰੈਫਰੈਂਸਿਜ਼ ਕਮੇਟੀ ਦੇ ਸਭਾਪਤੀ (ਰਾਣਾ ਗੁਰਮੀਤ ਸਿੰਘ ਸੋਢੀ) ਨੇ ਸਾਲ 2017-18 ਲਈ ਕੁਐਸਚਨਜ਼ ਅਤੇ ਰੈਫਰੈਂਸਿਜ਼ ਕਮੇਟੀ ਦੀ 11ਵੀਂ ਰਿਪੋਰਟ ਪੇਸ਼ ਕੀਤੀ।

5. <u>ਵਾਕ ਆਊਟ</u>

ਆਮ ਆਦਮੀ ਪਾਰਟੀ ਦੇ ਹਾਜ਼ਰ ਮੈਂਬਰ ਵੱਖ ਵੱਖ ਮੁੱਦਿਆਂ ਤੇ ਬੋਲਣ ਲਈ ਸਮਾਂ ਨਾ ਦਿੱਤੇ ਜਾਣ ਦੇ ਰੋਸ ਵਜੋਂ ਸਦਨ ਵਿਚੋਂ ਨਾਅਰੇ ਮਾਰਦੇ ਹੋਏ ਵਾਕ ਆਊਟ ਕਰ ਗਏ।

6. **ਮਾਨਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ**

ਮਾਨਯੋਗ ਸਪੀਕਰ ਵੱਲੋਂ ਸ਼੍ਰੀਮਤੀ ਪਰਨੀਤ ਕੌਰ, ਸਾਬਕਾ ਕੇਂਦਰੀ ਮੰਤਰੀ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂੰ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

7. **ਰਾਜਪਾਲ ਦੇ ਭਾਸ਼ਣ ਤੇ ਬਹਿਸ ਮੁੜ ਆਰੰਭ ਕਰਨਾ ਅਤੇ ਧੰਨਵਾਦ ਪ੍ਰਸਤਾਵ ਤੇ ਵੋਟ**

ਰਾਜਪਾਲ ਦੇ ਭਾਸ਼ਣ ਤੇ ਨਿਮਨਲਿਖਤ ਪ੍ਰਸਤਾਵ ਜੋ ਕਿ ਮਾਨਯੋਗ ਮੈਂਬਰ ਸਰਦਾਰ ਸੁਖਜਿੰਦਰ ਸਿੰਘ ਰੰਧਾਵਾ, ਇੰਡੀਅਨ ਨੈਸ਼ਨਲ ਕਾਂਗਰਸ ਵਲੋਂ ਪੇਸ਼ ਕੀਤਾ ਗਿਆ ਅਤੇ ਜਿਸ ਦੀ ਸਰਦਾਰ ਅਮਰਿੰਦਰ ਸਿੰਘ ਰਾਜਾ ਵੜਿੰਗ, ਇੰਡੀਅਨ ਨੈਸ਼ਨਲ ਕਾਂਗਰਸ ਵੱਲੋਂ ਪ੍ਰੋੜ੍ਹਤਾ ਕੀਤੀ ਗਈ, ਤੇ ਬਹਿਸ ਮੁੜ ਆਰੰਭ ਹੋਈ ਅਤੇ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ:-

ਕਿ ਰਾਜਪਾਲ ਜੀ ਨੂੰ ਨਿਮਨਲਿਖਤ ਸ਼ਬਦਾਂ ਵਿੱਚ ਮਾਣ-ਪੱਤਰ ਪੇਸ਼ ਕੀਤਾ ਜਾਵੇ:

> "ਕਿ ਇਸ ਸਮਾਗਮ ਵਿੱਚ ਇਕੱਤਰ ਹੋਏ ਇਸ ਸਦਨ ਦੇ ਮੈਂਬਰ ਰਾਜਪਾਲ ਜੀ ਦੇ ਉਸ ਭਾਸ਼ਣ ਲਈ ਅਤਿ ਧੰਨਵਾਦੀ ਹਨ ਜੋ ਉਨ੍ਹਾਂ ਨੇ 20 ਮਾਰਚ, 2018 ਨੂੰ ਸਦਨ ਵਿੱਚ ਦੇਣ ਦੀ ਕ੍ਰਿਪਾਲਤਾ ਕੀਤੀ। "

ਬਹਿਸ ਦਾ ਜਵਾਬ ਦਿੰਦੇ ਸਮੇਂ ਮਾਨਯੋਗ ਮੁੱਖ ਮੰਤਰੀ 1 ਘੰਟਾ 44 ਮਿੰਟ ਲਈ ਬੋਲੇ।

**8.** **ਵਾਕ ਆਊਟ**

ਲੋਕ ਇਨਸਾਫ਼ ਪਾਰਟੀ ਦੇ ਦੋਵੇਂ ਮੈਂਬਰ ਮਾਨਯੋਗ ਮੁੱਖ ਮੰਤਰੀ ਵਲੋਂ ਰਾਜਪਾਲ ਜੀ ਦੇ ਭਾਸ਼ਣ ਤੇ ਹੋਈ ਬਹਿਸ ਦਾ ਜਵਾਬ ਪੰਜਾਬੀ ਵਿੱਚ ਨਾ ਦੇਣ ਦੇ ਰੋਸ ਵਜੋਂ ਸਦਨ ਵਿਚੋਂ ਵਾਕ ਆਊਟ ਕਰ ਗਏ।

**9.** **ਧੰਨਵਾਦ ਪ੍ਰਸਤਾਵ ਤੇ ਸੋਧਨਾ**

ਰਾਜਪਾਲ ਦੇ ਭਾਸ਼ਣ ਤੇ ਨਿਮਨਲਿਖਤ ਪ੍ਰਸਤਾਵ ਜੋ ਕਿ ਸਰਦਾਰ ਸੁਖਪਾਲ ਸਿੰਘ ਖਹਿਰਾ, ਵਿਰੋਧੀ ਧਿਰ ਦੇ ਨੇਤਾ ਵਲੋਂ ਇਕ ਅਤੇ ਸ਼੍ਰੀ ਅਮਨ ਅਰੋੜਾ, ਐਮ.ਐਲ.ਏ ਵਲੋਂ ਦੋ ਸੋਧਨਾ ਨੋਟਿਸ ਸਦਨ ਵਿੱਚ ਇਕਠੇ ਪੇਸ਼ ਕੀਤੇ ਗਏ ਅਤੇ ਸਦਨ ਦੀ ਵੋਟਿੰਗ ਲਈ ਰੱਖੇ ਗਏ ਜੋ ਅਸਵੀਕਾਰ ਹੋਏ:

> " ਐਪਰ ਅਫ਼ਸੋਸ ਹੈ ਕਿ ਰਮਸਾ/ਐਸ.ਐਸ.ਏ ਅਧਿਆਪਕ, ਆਂਗਨਵਾੜੀ ਵਰਕਰਾਂ, ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਸਮੱਸਿਆਵਾਂ ਦਾ ਕਿਸੇ ਠੋਸ ਹੱਲ ਦਾ ਜ਼ਿਕਰ ਨਹੀਂ ਕੀਤਾ ਗਿਆ। "
>
> " ਐਪਰ ਅਫ਼ਸੋਸ ਹੈ ਕਿ ਹਲਕਾ ਇੰਚਾਰਜ ਦੀ ਪ੍ਰਥਾ ਜੋ ਕਿ ਪੰਜਾਬ ਵਿੱਚ ਅੱਜ ਵੀ ਪ੍ਰਚਲਿਤ ਹੈ ਉਸ ਦਾ ਕੋਈ ਜ਼ਿਕਰ ਨਹੀਂ ਕੀਤਾ ਗਿਆ। " ਅਤੇ
>
> " ਐਪਰ ਅਫ਼ਸੋਸ ਹੈ ਕਿ ਕੰਨਫਲਿਕਟ ਆਫ਼ ਇੰਟ੍ਰਸਟ ਐਕਟ ਲਿਆਉਣ ਦਾ ਜੋ ਵਾਅਦਾ ਪਿਛਲੇ ਸਾਲ ਰਾਜਪਾਲ ਦੇ ਭਾਸ਼ਣ ਵਿੱਚ ਕੀਤਾ ਗਿਆ ਸੀ ਉਸ ਦਾ ਇਸ ਵਿੱਚ ਕੋਈ ਜ਼ਿਕਰ ਨਹੀਂ ਹੈ। "

**10.** **ਸਾਲ 2018-19 ਲਈ ਬਜਟ ਅਨੁਮਾਨ**

**ਸਾਲ 2018-19 ਲਈ ਬਜਟ ਅਨੁਮਾਨਾਂ ਤੇ ਆਮ ਬਹਿਸ**

ਨਿਮਨਲਿਖਤ ਮੈਂਬਰਾਂ ਨੇ ਬਹਿਸ ਵਿੱਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਕੰਵਰ ਸੰਧੂ, ਆਮ ਆਦਮੀ ਪਾਰਟੀ | 20 ਮਿੰਟ |
| 2. | ਸਰਦਾਰ ਪਰਮਿੰਦਰ ਸਿੰਘ ਢੀਂਡਸਾ, ਸ਼੍ਰੋਮਣੀ ਅਕਾਲੀ ਦਲ | 25 ਮਿੰਟ |
| 3. | ਸਰਦਾਰ ਦਵਿੰਦਰ ਸਿੰਘ ਘੁਬਾਇਆ, ਇੰਡੀਅਨ ਨੈਸ਼ਨਲ ਕਾਂਗਰਸ | 03 ਮਿੰਟ |

ਸਦਨ ਦੇ ਸਥਗਿਤ ਹੋ ਜਾਣ ਕਾਰਨ ਮਾਨਯੋਗ ਮੈਂਬਰ, ਸਰਦਾਰ ਦਵਿੰਦਰ ਸਿੰਘ ਘੁਬਾਇਆ, ਮਿਤੀ 27 ਮਾਰਚ, 2018 (ਬਾਅਦ ਦੁਪਹਿਰ) ਨੂੰ ਬਹਿਸ ਜਾਰੀ ਰੱਖਣਗੇ।

ਇਸ ਉਪਰੰਤ ਸਦਨ ਮੰਗਲਵਾਰ, ਮਿਤੀ 27 ਮਾਰਚ, 2018 ਦੇ 03.30 ਵਜੇ ਬਾਅਦ ਦੁਪਹਿਰ ਤੱਕ ਸਥੱਗਿਤ ਹੋ ਗਿਆ।

**ਚੰਡੀਗੜ੍ਹ:** **ਸ਼ਸ਼ੀ ਲਖਨਪਾਲ ਮਿਸ਼ਰਾ,**
**27 ਮਾਰਚ, 2018** **ਸਕੱਤਰ।**